# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :21-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਹਥਿਆਰਬੰਦ ਅਤੇ ਪੁਲਿਸ ਬਲਾਂ ਨੂੰ ਰਾਸ਼ਟਰੀ ਸੁਰੱਖਿਆ ਦੇ ਥੰਮ੍ਹ ਦੱਸਿਆ ਏ- ਪੰਜਾਬ 'ਚ ਜਲੰਧਰ ਵਿਖੇ ਪੰਜਾਬ ਹਥਿਆਰਬੰਦ ਪੁਲਿਸ ਅਤੇ BSF ਵਲੋਂ ਪੁਲਿਸ ਯਾਦਗਾਰੀ ਦਿਵਸ 'ਤੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ ।
- ਪੰਜਾਬ ਪੁਲਿਸ ਦੇ ਸੇਵਾਮੁਕਤ ਡਾਇਰੈਕਟਰ ਜਨਰਲ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਖਿਲਾਫ਼ ਉਨ੍ਹਾਂ ਦੇ ਪੁੱਤਰ ਦੇ ਕਤਲ ਦੇ ਸੰਬਧ ਵਿਚ ਐੱਫ.ਆਈ.ਆਰ. ਦਰਜ ਕੀਤੀ ਗਈ ।
- ਪੰਜਾਬ ਵਿਧਾਨ ਸਭਾ ਦੀ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਆਖਰੀ ਦਿਨ 11 ਨਾਮਜ਼ਦਗੀ ਪੱਤਰ ਹੋਏ

ਦਾਖਲ- ਚੋਣਾਂ ਦੌਰਾਨ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਕੀਤੇ ਪੁਖ਼ਤਾ ਪ੍ਰਬੰਧ।

- ਪੂਰੇ ਦੇਸ਼ ਵਿੱਚ ਅੱਜ ਬੰਦੀ ਛੋੜ ਦਿਵਸ ਦੀਆਂ ਖੁਸ਼ੀਆਂ ਮਨਾਈਆਂ ਜਾ ਰਹੀਆਂ ਨੇ- ਮੁਖ ਮੰਤਰੀ ਨੇ ਇਸ ਮੌਕੇ ਵਧਾਈ ਦਿੱਤੀ ।
- ਗੁਰਦਾਸਪੁਰ ਵਿਚ ਵੱਖ ਵੱਖ ਥਾਵਾਂ ਤੇ ਹੋਏ ਦੋ ਸੜਕ ਹਾਦਸਿਆਂ ਵਿਚ ਤਿੰਨ ਸਾਲਾ ਬੱਚੀ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ ਜਦਕਿ ਇੱਕ ਵਿਅਕਤੀ ਗੰਭੀਰ ਜ਼ਖਮੀ।

## ਹੁਣ ਖਬਰਾਂ ਵਿਸਥਾਰ ਨਾਲ

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਦੇਸ਼ ਦੀ ਬਾਹਰੀ ਅਤੇ ਅੰਦਰੂਨੀ ਸੁਰੱਖਿਆ ਨੂੰ ਸੰਤੁਲਿਤ ਕਰਨਾ ਪਹਿਲਾਂ ਨਾਲੋਂ ਕਿਧਰੇ ਵਧ ਅਹਿਮ ਏ, ਕਿਉਂਕਿ ਦੇਸ਼ 2047 ਤੱਕ ਵਿਕਸਿਤ ਭਾਰਤ ਦੇ ਟੀਚੇ ਵੱਲ ਵਧ ਰਿਹਾ ਏ। ਨਵੀਂ ਦਿੱਲੀ ਵਿੱਚ ਉਨ੍ਹਾਂ ਹਥਿਆਰਬੰਦ ਬਲਾਂ ਅਤੇ ਪੁਲਿਸ ਬਲਾਂ ਨੂੰ ਰਾਸ਼ਟਰੀ ਸੁਰੱਖਿਆ ਦੇ ਥੰਮ੍ਹ ਦੱਸਿਆ। ਉਨ੍ਹਾਂ ਕਿਹਾ ਕਿ

ਫੌਜ ਅਤੇ ਪੁਲਿਸ ਵੱਖ-ਵੱਖ ਮੰਚਾਂ 'ਤੇ ਕੰਮ ਕਰਦੇ ਨੇ, ਪਰ ਉਨ੍ਹਾਂ ਦਾ ਮਿਸ਼ਨ ਇੱਕੋ ਏ- ਰਾਸ਼ਟਰ ਦੀ ਰੱਖਿਆ ਕਰਨਾ-

byte

ਅਜੋਕੇ ਸਮੇਂ ਦੀਆਂ ਚੁਣੌਤੀਆਂ ਬਾਰੇ, ਰੱਖਿਆ ਮੰਤਰੀ ਨੇ ਕਿਹਾ ਕਿ ਸਮਾਜ ਦੇ ਅੰਦਰ ਨਵੇਂ ਤਰ੍ਹਾਂ ਦੇ ਅਪਰਾਧ, ਦਹਿਸ਼ਤਗਰਦੀ ਅਤੇ ਵਿਚਾਰਧਾਰਕ ਯੁੱਧ ਉੱਭਰ ਰਹੇ ਨੇ. ਉਨ੍ਹਾਂ ਦੱਸਿਆ ਕਿ ਅਪਰਾਧ ਵਧੇਰੇ ਸੰਗਠਿਤ, ਅਦਿੱਖ ਅਤੇ ਪੇਚੀਦਾ ਹੋ ਗਏ ਨੇ, ਅਤੇ ਇਸਦਾ ਮਕਸਦ, ਸਮਾਜ ਵਿੱਚ ਅਰਾਜਕਤਾ ਪੈਦਾ ਕਰਨਾ, ਵਿਸ਼ਵਾਸ ਨੂੰ ਕਮਜ਼ੋਰ ਕਰਨਾ ਅਤੇ ਦੇਸ਼ ਦੀ ਸਥਿਰਤਾ ਨੂੰ ਚੁਣੌਤੀ ਦੇਣਾ ਏ।

-----------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਪੁਲਿਸ ਯਾਦਗਾਰੀ ਦਿਵਸ ਦੇ ਮੌਕੇ 'ਤੇ ਪੁਲਿਸ ਮੁਲਾਜ਼ਮਾਂ ਦੀ ਮਿਸਾਲੀ ਹਿੰਮਤ ਅਤੇ ਸਰਬਉੱਚ ਕੁਰਬਾਨੀ ਨੂੰ ਸ਼ਰਧਾਂਜਲੀ ਭੇਟ ਕੀਤੀ। ਪੁਲਿਸ ਯਾਦਗਾਰੀ ਦਿਵਸ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੁਲਿਸ ਮੁਲਾਜ਼ਮਾਂ ਦੇ ਹੌਂਸਲੇ ਨੂੰ ਸਲਾਮ ਕੀਤਾ ਅਤੇ ਡਿਊਟੀ ਦੌਰਾਨ

ਉਨ੍ਹਾਂ ਵੱਲੋਂ ਦਿੱਤੀ ਗਈ ਸਰਬਉੱਚ ਕੁਰਬਾਨੀ ਨੂੰ ਯਾਦ ਕੀਤਾ। ਏਧਰ, ਪੰਜਾਬ ਵਿਚ ਸੂਬਾ ਪੱਧਰੀ ਪੁਲਿਸ ਯਾਦਗਾਰੀ ਦਿਵਸ ਜਲੰਧਰ ਸਥਿਤ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਵਿਚ ਮਨਾਇਆ ਗਿਆ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਪੁਲਿਸ ਦੇ ਸ਼ਹੀਦਾਂ ਨੂੰ ਯਾਦ ਕਰ ਕੇ ਉਨ੍ਹਾਂ ਦੀ ਯਾਦਗਾਰ ਉੱਤੇ ਫੁਲ-ਮਾਲਾਵਾਂ ਭੇਟ ਕੀਤੀਆਂ। ਉਨ੍ਹਾਂ ਪੰਜਾਬ ਪੁਲਿਸ ਨੂੰ ਸ਼ਾਂਤੀ ਅਤੇ ਸੰਕਟ ਦੋਵਾਂ ਦੌਰਾਨ ਬੇਜੋੜ ਸਮਰਪਣ ਨਾਲ ਦੇਸ਼ ਦੀ ਸੇਵਾ ਕਰਨ ਵਾਲੀ ਇੱਕ ਬੇਮਿਸਾਲ ਫੋਰਸ ਦੱਸਿਆ । ਉਨ੍ਹਾਂ ਕਿਹਾ ਕਿ ਸਤੰਬਰ 1981 ਤੋਂ ਲੈ ਕੇ ਹੁਣ ਤੱਕ ਪੰਜਾਬ ਪੁਲਿਸ ਨੇ ਡਿਊਟੀ ਦੌਰਾਨ 1,802 ਅਧਿਕਾਰੀਆਂ ਦਾ ਬਲਿਦਾਨ ਦਿੱਤਾ ਏ । ਵੱਖ-ਵੱਖ ਜ਼ਿਲ੍ਹਿਆਂ ਵਿਚ ਵੀ ਪੁਲਿਸ ਅਧਿਕਾਰੀਆਂ ਨੇ ਸ਼ਹੀਦਾਂ ਦੀਆਂ ਯਾਦਗਾਰਾਂ ਉੱਤੇ ਫੁਲ-ਮਾਲਾਵਾਂ ਭੇਟ ਕੀਤੀਆਂ। ਫਤਹਿਗੜ੍ਹ ਸਾਹਿਬ ਵਿਚ ਪੁਲਿਸ ਲਾਈਨ ਮਹੱਦੀਆਂ ਵਿਖੇ ਅੱਜ ਕੌਮੀ ਪੁਲਿਸ ਯਾਦਗਾਰੀ ਦਿਵਸ ਮੌਕੇ ਜ਼ਿਲ੍ਹਾ ਪੁਲਿਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਨਾਲ-ਨਾਲ ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਐਸ.ਐਸ.ਪੀ ਸ੍ਰੀ ਸ਼ੁਭਮ ਅਗਰਵਾਲ ਨੇ ਕਿਹਾ ਕਿ ਪੰਜਾਬ

ਪੁਲਿਸ ਦੇ ਜਵਾਨਾਂ ਨੇ ਹਮੇਸ਼ਾਂ ਹੀ ਦੇਸ਼ ਤੇ ਸੂਬੇ ਦੀ ਅੰਦਰੂਨੀ ਹਿਫਾਜ਼ਤ ਕਰਨ ਲਈ ਬੇਮਿਸਾਲ ਕੁਰਬਾਨੀਆਂ ਦਿੱਤੀਆਂ ਹਨ ਜਿਨ੍ਹਾਂ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ। ਇਸ ਤੋਂ ਬਾਅਦ ਸਨਮਾਨ ਸਮਾਰੋਹ ਦੌਰਾਨ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਦੇ ਹੋਏ ਛੇਤੀ ਹੀ ਯੋਗ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ।

----------------------------------------------------

ਅੱਜ ਪੁਲਿਸ ਯਾਦਗਾਰੀ ਦਿਵਸ-2025 ਮੌਕੇ ਸਰਹੱਦੀ ਸੁਰੱਖਿਆ ਬਲ (ਬੀ.ਐੱਸ.ਐੱਫ.) ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ਲੇ ਨੇ ਬੀ.ਐੱਸ.ਐੱਫ. ਪੰਜਾਬ ਫਰੰਟੀਅਰ ਹੈੱਡਕੁਆਰਟਰ, ਜਲੰਧਰ ਵਿਚ ਸ਼ਹੀਦਾਂ ਦੀ ਯਾਦਗਾਰ 'ਤੇ ਡਿਊਟੀ ਦੌਰਾਨ ਸਰਬਉੱਚ ਕੁਰਬਾਨੀ ਦੇਣ ਵਾਲੇ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਫਰੰਟੀਅਰ ਹੈੱਡਕੁਆਰਟਰ ਦੇ ਸਾਰੇ ਅਧਿਕਾਰੀ ਤੇ ਜਵਾਨ ਮੌਜੂਦ ਸਨ।

----------------------------------------------------

ਹਰਿਆਣਾ ਪੁਲਿਸ ਨੇ ਪੰਜਾਬ ਦੇ ਸਾਬਕਾ ਡੀ.ਜੀ.ਪੀ. ਮੁਹੰਮਦ

ਮੁਸਤਫਾ, ਉਨ੍ਹਾਂ ਦੀ ਪਤਨੀ ਜਿਹੜੇ ਸਾਬਕਾ ਮੰਤਰੀ ਨੇ ਅਤੇ ਉਨ੍ਹਾਂ ਦੀ ਧੀ ਤੇ ਨੂੰਹ ਖਿਲਾਫ਼ ਡੀ.ਜੀ.ਪੀ. ਦੇ ਪੁੱਤਰ ਅਕੀਲ ਅਖ਼ਤਰ ਦੀ ਮੌਤ ਦੇ ਸਿਲਸਿਲੇ ਵਿਚ ਐੱਫ.ਆਈ.ਆਰ. ਦਰਜ ਕੀਤੀ ਏ। ਅਕੀਲ ਦੀ ਮੌਤ 16 ਅਕਤੂਬਰ ਦੀ ਰਾਤ ਨੂੰ ਪੰਚਕੂਲਾ ਵਿਚ ਹੋਈ ਸੀ। ਪੰਚਕੂਲਾ ਪੁਲਿਸ ਦੇ ਡਿਪਟੀ ਕਮਿਸ਼ਨਰ, ਸ੍ਰਿਸ਼ਟੀ ਗੁਪਤਾ ਨੇ ਕਿਹਾ ਏ ਕਿ ਪੁਲਿਸ ਨੂੰ ਮਿਲੀ ਸ਼ਿਕਾਇਤ ਦੇ ਅਧਾਰ 'ਤੇ ਮ੍ਰਿਤਕ ਦੇ ਚਾਰ  ਪਰਿਵਾਰਕ ਮੈਂਬਰਾਂ ਵਿਰੁੱਧ ਕਤਲ ਤੇ ਸਾਜ਼ਿਸ਼ ਦੀਆਂ ਧਾਰਾਵਾਂ ਤਹਿਤ ਐੱਫ.ਆਈ.ਆਰ. ਦਰਜ ਕੀਤੀ ਗਈ ਏ। ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ -

BYTE

ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿਚ ਨਿਰਪੱਖ ਜਾਂਚ ਲਈ ACP ਰੈਂਕ ਦੇ ਅਧਿਕਾਰੀ ਦੀ ਅਗਵਾਈ ਤਹਿਤ ਵਿਸ਼ੇਸ਼ ਜਾਂਚ ਟੀਮ (SIT) ਦਾ ਗਠਨ ਕੀਤਾ ਏ।

---------------------------------------------------------

ਪੰਜਾਬ ਵਿਧਾਨ ਸਭਾ ਦੀ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਆਖਰੀ ਦਿਨ 11 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ

। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਤਰਨ ਤਾਰਨ ਸੀਟ ਲਈ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਉਮੀਦਵਾਰ ਕਰਨਬੀਰ ਸਿੰਘ ਨੇ ਅੱਜ ਇੱਕ ਹੋਰ ਨਾਮਜ਼ਦਗੀ ਪੱਤਰ ਦਾਖਲ ਕੀਤਾ ਏ । ਇਸ ਤੋਂ ਇਲਾਵਾ ਮਨਦੀਪ ਸਿੰਘ ਨੇ ਆਜ਼ਾਦ ਉਮੀਦਵਾਰ ਵਜੋਂ ਦੋ ਨਾਮਜ਼ਦਗੀਆਂ ਦਾਖਲ ਕੀਤੀਆਂ ਨੇ । ਉੱਥੇ ਹੀ ਲੱਖਾ ਸਿੰਘ, ਗੁਰਮੀਤ ਕੋਰ, ਜਸਵੰਤ ਸਿੰਘ, ਹਰਪ੍ਰੀਤ ਸਿੰਘ, ਸਾਰਿਕਾ ਜੋੜਾ, ਹਰਪਾਲ ਸਿੰਘ, ਮਨਦੀਪ ਸਿੰਘ ਪੁੱਤਰ ਨਰਿੰਦਰ ਸਿੰਘ ਅਤੇ ਸੰਜੀਵ ਸਿੰਘ ਨੇ ਵੀ ਆਜ਼ਾਦ ਉਮੀਦਵਾਰ ਵਜੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਨੇ । ਜ਼ਿਕਰਯੋਗ ਏ ਕਿ ਅੱਜ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ ਸੀ ਅਤੇ ਨਾਮਜ਼ਦਗੀ ਪੱਤਰਾਂ ਦੀ ਪੜਤਾਲ 22 ਅਕਤੂਬਰ ਨੂੰ ਕੀਤੀ ਜਾਵੇਗੀ। ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਅੰਤਿਮ ਤਰੀਕ 24 ਅਕਤੂਬਰ ਏ ।

---------------------------------------------------------

ਜਲੰਧਰ ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਵੱਲੋਂ ਤਰਨਤਾਰਨ ਵਿਚ ਆਉਂਦੀਆਂ  ਵਿਧਾਨ

ਸਭਾ ਜ਼ਿਮਨੀ ਚੋਣਾਂ ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ । ਆਮਦਨ ਕਰ ਜਾਂਚ ਬਾਰੇ ਜੁਆਇੰਟ ਡਾਇਰੈਕਟਰ ਅਤੇ ਚੋਣ ਖਰਚਾ ਨਿਗਰਾਨੀ ਸਬੰਧੀ ਨੋਡਲ ਅਫ਼ਸਰ ਸੌਰਭ ਗੁਪਤਾ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ ਤੇ ਸ਼ਿਕਾਇਤਾਂ ਪ੍ਰਾਪਤ ਕਰਨ ਲਈ ਪੰਜਾਬ ਰਾਜ ਲਈ ਆਮਦਨ ਕਰ ਦਫ਼ਤਰ, ਜਲੰਧਰ ਵਿਖੇ ਇੱਕ ਟੋਲ-ਫ੍ਰੀ ਨੰਬਰ (1800-180-2141) ਅਤੇ ਇੱਕ ਵਟਸਐਪ ਨੰਬਰ-73802-89336 ਵਾਲਾ ਇੱਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ , ਜੋ ਕਿ 24 ਘੰਟੇ ਕੰਮ ਕਰਦਾ ਏ । ਲੋਕਾਂ ਨੂੰ ਇਸ ਨੰਬਰ 'ਤੇ ਕਾਲ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਗਲਤ ਢੰਗ ਨਾਲ ਪ੍ਰਭਾਵਿਤ ਕਰਨ ਲਈ ਵਰਤੀ ਜਾਣ ਵਾਲੀ ਨਕਦੀ ਜਾਂ ਹੋਰ ਕੀਮਤੀ ਚੀਜ਼ਾਂ ਨਾਲ ਸਬੰਧਤ ਖਾਸ ਜਾਣਕਾਰੀ ਦੇਣ ਲਈ ਉਤਸ਼ਾਹਿਤ ਕੀਤਾ ਜਾਂਦਾ ਏ । ਉਨ੍ਹਾਂ ਦੱਸਿਆ ਕਿ ਕਾਲ ਕਰਨ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਜ਼ਿਲ੍ਹੇ ਵਿੱਚ ਜ਼ਿਮਨੀ ਚੋਣ ਸਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਧਿਕਾਰੀਆਂ ਅਤੇ ਇੰਸਪੈਕਟਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਨੇ ।

ਉਨ੍ਹਾਂ ਦੱਸਿਆ ਕਿ ਹਵਾਈ ਜਾਂਚ ਇਕਾਈ ,ਪੰਜਾਬ ਦੇ ਸਾਰੇ ਹਵਾਈ ਅੱਡਿਆਂ ਦੇ ਨਾਲ-ਨਾਲ ਵਪਾਰਕ ਉਡਾਣਾਂ ਵਾਲੇ ਹਵਾਈ ਅੱਡਿਆਂ 'ਤੇ ਵੀ ਕਾਰਜਸ਼ੀਲ ਏ। ਇਸੇ ਤਰ੍ਹਾਂ ਰੇਲਵੇ ਅਧਿਕਾਰੀਆਂ ਦੇ ਤਾਲਮੇਲ ਨਾਲ ਰੇਲਵੇ ਰਾਹੀਂ ਨਕਦੀ ਦੀ ਆਵਾਜਾਈ 'ਤੇ ਵੀ ਨਿਗਰਾਨੀ ਰੱਖੀ ਜਾ ਰਹੀ ਏ | ਬੈਂਕ ਖਾਤਿਆਂ ਤੋਂ ਇੱਕ ਨਿਰਧਾਰਿਤ ਹੱਦ ਤੋਂ ਵੱਧ ਨਕਦੀ ਕਢਵਾਉਣ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਏ ਅਤੇ ਸ਼ੱਕੀ ਲੈਣ-ਦੇਣ ਦੀ ਪਛਾਣ ਕਰਨ ਅਤੇ ਉਚਿਤ ਕਾਰਵਾਈ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਡਾਇਰੈਕਟੋਰੇਟ ਉਮੀਦਵਾਰਾਂ ਦੀਆਂ ਜਾਇਦਾਦਾਂ ਅਤੇ ਦੇਣਦਾਰੀਆਂ ਨੂੰ ਘੋਸ਼ਿਤ ਕਰਨ ਵਾਲੇ ਹਲਫ਼ਨਾਮਿਆਂ ਦੀ ਵੀ ਜਾਂਚ ਕਰੇਗਾ ਅਤੇ ਜੇਕਰ ਇਸ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਨੂੰ ਛੁਪਾਇਆ ਜਾਂਦਾ ਏ , ਤਾਂ ਉਸ ਦੀ ਸੂਚਨਾ ਚੋਣ ਕਮਿਸ਼ਨ ਨੂੰ ਦਿੱਤੀ ਜਾਵੇਗੀ।

---------------------------------------------------

ਪੂਰੇ ਦੇਸ਼ ਵਿੱਚ ਅੱਜ ਬੰਦੀ ਛੋੜ ਦਿਵਸ ਦੀਆਂ ਖੁਸ਼ੀਆਂ ਮਨਾਈਆਂ ਜਾ ਰਹੀਆਂ ਨੇ । ਇਸ ਪਵਿੱਤਰ ਮੌਕੇ 'ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਸੰਗਤਾਂ ਵੱਡੀ ਗਿਣਤੀ 'ਚ ਨਤਮਸਤਕ ਹੋ ਰਹੀਆਂ ਨੇ । ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਸੰਗਤਾਂ ਨੂੰ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਨੇ ।

BYTE

ਸ਼ਾਮ ਵੇਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਆਤਿਸ਼ਬਾਜ਼ੀ ਤੇ ਦੀਪ ਮਾਲਾ ਕੀਤੀ ਗਈ ਏ । ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸਾਰਿਆਂ ਨੂੰ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ 'ਚ ਆਪਣੇ ਸੁਨੇਹੇ 'ਚ ਸ਼੍ਰੀ ਮਾਨ ਨੇ ਕਿਹਾ ਕਿ ਇਹ ਦਿਹਾੜਾ, ਮਾਨਵਤਾ ਦੇ ਹੱਕ ਵਿਚ ਆਵਾਜ਼ ਬੁਲੰਦ ਕਰਨ ਦੀ ਪ੍ਰੇਰਣਾ ਦਿੰਦਾ ਏ ।

-----------------------------------------------------

ਗੁਰਦਾਸਪੁਰ ਵਿਚ ਵੱਖ ਵੱਖ ਥਾਵਾਂ ਤੇ ਹੋਏ ਦੋ ਸੜਕ ਹਾਦਸਿਆਂ ਵਿਚ

ਤਿੰਨ ਸਾਲਾ ਬੱਚੀ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ ਜਦਕਿ ਇਕ ਵਿਅਕਤੀ ਗੰਭੀਰ ਜ਼ਖਮੀ ਹੋਇਆ ਏ । ਦੋਰਾਂਗਲਾ ਨੇੜੇ ਪਿੰਡ ਹੱਲਾ ਤੋਂ ਬਰਨਾਲਾ ਨੂੰ ਜਾਂਦੀ ਲਿੰਕ ਰੋਡ 'ਤੇ ਇੱਕ ਟਰੱਕ ਦੀ ਲਪੇਟ ਵਿਚ ਆਉਣ ਕਾਰਨ ਗਰਭਵਤੀ ਔਰਤ ਅਤੇ ਤਿੰਨ ਸਾਲਾ ਬੱਚੀ ਦੀ ਮੌਤ ਹੋ ਗਈ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਹਾਦਸਾ ਉਸ ਵੇਲੇ ਵਾਪਰਿਆ ਜਦ ਗਰਭਵਤੀ ਔਰਤ ਕਾਜਲ ,ਮਨੂ ਮਸੀਹ ਅਤੇ ਤਿੰਨ ਸਾਲਾਂ ਬੱਚੀ ਪ੍ਰਿੰਸੀ ਮੋਟਰਸਾਈਕਲ ਤੇ ਜਾ ਰਹੇ ਸਨ ਤਾ ਇੱਕ ਟਰੱਕ ਨੇ ਉਨ੍ਹਾਂ ਨੂੰ ਟੱਕਰ ਮਾਰ ਦਿੱਤੀ। ਹਾਦਸੇ ਵਿਚ ਦੋਨਾਂ ਦੀ ਮੌਕੇ ਤੇ ਹੀ ਮੌਤ ਹੋ ਗਈ , ਜਦਕਿ ਮਨੂ ਮਸੀਹ ਇਕ ਪਾਸੇ ਡਿੱਗਣ ਕਾਰਨ ਬਚ ਤਾਂ ਗਿਆ ਪਰ ਉਸਦੇ ਗੰਭੀਰ ਸੱਟਾਂ ਲੱਗੀਆਂ ਨੇ। ਟਰੱਕ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਘਟਨਾ ਦੀ ਜਾਂਚ ਕਰ ਰਹੀ ਏ। ਓਧਰ ਗੁਰਦਾਸਪੁਰ ਦੇ ਸ੍ਰੀ ਹਰਗੋਬਿੰਦਪੁਰ ਵਿਚ ਇੱਕ ਕੰਬਾਈਨ ਅਤੇ ਮੋਟਰਸਾਈਕਲ ਦੀ ਆਹਮੋ ਸਾਹਮਣੀ ਟੱਕਰ ਵਿੱਚ ਪਿਓ ਧੀ ਦੀ ਮੌਤ ਹੋ ਗਈ। ਪਿੰਡ ਕੂੰਟ ਦਾ ਰਹਿਣ ਵਾਲਾ ਚਰਨਜੀਤ ਸਿੰਘ ਆਪਣੀ ਬੇਟੀ ਨਾਲ ਹਰਚੋਵਾਲ ਵੱਲੋਂ ਸ੍ਰੀ ਹਰਗੋਬਿੰਦਪੁਰ ਸਾਹਿਬ ਨੂੰ ਆ ਰਿਹਾ ਸੀ

ਜਦੋ ਲਾਈਟਾਂ ਵਾਲੇ ਚੌਕ ਦੇ ਨਜ਼ਦੀਕ ਪਹੁੰਚਿਆ ਤਾਂ ਅੱਗੇ ਤੋਂ ਆ ਰਹੀ ਕੰਬਾਈਨ ਜੋ ਬਿਨਾਂ ਬਲੇਡ ਉਤਾਰੇ ਆ ਰਹੀ ਸੀ ਉਸ ਨਾਲ਼ ਜਾ ਟਕਰਾਏ ਜਿਸ ਨਾਲ ਪਿਉਂ ਧੀ ਦੀ ਮੌਕੇ ਤੇ ਹੀ ਮੌਤ ਹੋ ਗਈ ।
ਉਨ੍ਹਾਂ ਦੇ ਨਾਲ ਮੌਜੂਦ ਇੱਕ ਪਾਲਤੂ ਜਾਨਵਰ ਦੀ ਮੌਤ ਹੋ ਗਈ । ਪੁਲਿਸ ਨੇ ਕੰਬਾਈਨ ਨੂੰ ਕਬਜ਼ੇ ਵਿੱਚ ਲੈ ਲਿਆ ਅਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਤਾਲਮੇਲ ਕਰਕੇ ਦਹਿਸ਼ਤਗਰਦੀ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਰਾਕੇਟ ਸੰਚਾਲਿਤ ਗ੍ਰੇਨੇਡ RPG ਅਤੇ ਲਾਂਚਰ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਮਹਿਕਦੀਪ ਸਿੰਘ ਉਰਫ਼ ਮਹਿਕ ਅਤੇ ਆਦਿੱਤਿਆ ਉਰਫ਼ ਅਧੀ ਵਜੋਂ ਹੋਈ ਏ। ਪੁਲਿਸ ਟੀਮਾਂ ਨੇ ਆਰ.ਪੀ.ਜੀ. ਬਰਾਮਦ ਕਰਨ ਤੋਂ ਇਲਾਵਾ, ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ

ਕੀਤੇ ਗਏ ਮੁਲਜ਼ਮ, ਪਾਕਿਸਤਾਨ ਦੇ ਆਈ.ਐਸ.ਆਈ. ਕਾਰਕੁੰਨ ਅਤੇ ਮੌਜੂਦਾ ਸਮੇਂ ਫਿਰੋਜ਼ਪੁਰ ਜੇਲ੍ਹ ਵਿੱਚ ਬੰਦ ਹਰਪ੍ਰੀਤ ਸਿੰਘ ਉਰਫ਼ ਵਿੱਕੀ ਦੇ ਸੰਪਰਕ ਵਿੱਚ ਸਨ। ਉਨ੍ਹਾਂ ਕਿਹਾ  ਕਿ ਆਰ.ਪੀ.ਜੀ ਇੱਕ ਯੋਜਨਾਬੱਧ ਦਹਿਸਤਗਰਦੀ ਹਮਲੇ ਲਈ ਵਰਤਿਆ ਜਾਣਾ ਸੀ  । ਡੀ.ਜੀ.ਪੀ ਨੇ ਕਿਹਾ ਕਿ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

---------------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਹਥਿਆਰਬੰਦ ਅਤੇ ਪੁਲਿਸ ਬਲਾਂ ਨੂੰ ਰਾਸ਼ਟਰੀ ਸੁਰੱਖਿਆ ਦੇ ਥੰਮ੍ਹ ਦੱਸਿਆ ਏ- ਪੰਜਾਬ ‘ਚ ਜਲੰਧਰ ਵਿਖੇ ਪੰਜਾਬ ਹਥਿਆਰਬੰਦ ਪੁਲਿਸ ਅਤੇ BSF ਵਲੋਂ ਪੁਲਿਸ ਯਾਦਗਾਰੀ ਦਿਵਸ ‘ਤੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ ।
- ਪੰਜਾਬ ਪੁਲਿਸ ਦੇ ਸੇਵਾਮੁਕਤ ਡਾਇਰੈਕਟਰ ਜਨਰਲ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਖਿਲਾਫ਼ ਉਨ੍ਹਾਂ ਦੇ ਪੁੱਤਰ ਦੇ ਕਤਲ ਦੇ ਸੰਬਧ ਵਿਚ ਐੱਫ.ਆਈ.ਆਰ. ਦਰਜ ਕੀਤੀ ਗਈ ।
- ਪੰਜਾਬ ਵਿਧਾਨ ਸਭਾ ਦੀ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਆਖਰੀ ਦਿਨ 11 ਨਾਮਜ਼ਦਗੀ ਪੱਤਰ ਹੋਏ

ਦਾਖਲ- ਚੋਣਾਂ ਦੌਰਾਨ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਕੀਤੇ ਪੁਖ਼ਤਾ ਪ੍ਰਬੰਧ।

- ਪੂਰੇ ਦੇਸ਼ ਵਿੱਚ ਅੱਜ ਬੰਦੀ ਛੋੜ ਦਿਵਸ ਦੀਆਂ ਖੁਸ਼ੀਆਂ ਮਨਾਈਆਂ ਜਾ ਰਹੀਆਂ ਨੇ- ਮੁਖ ਮੰਤਰੀ ਨੇ ਇਸ ਮੌਕੇ ਵਧਾਈ ਦਿੱਤੀ ।
- ਗੁਰਦਾਸਪੁਰ ਵਿਚ ਵੱਖ ਵੱਖ ਥਾਵਾਂ ਤੇ ਹੋਏ ਦੋ ਸੜਕ ਹਾਦਸਿਆਂ ਵਿਚ ਤਿੰਨ ਸਾਲਾ ਬੱਚੀ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ ਜਦਕਿ ਇੱਕ ਵਿਅਕਤੀ ਗੰਭੀਰ ਜ਼ਖਮੀ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**